# ਪ੍ਰਾਸਪੈਕਟਸ

## ਦਸਵੀਂ ਅਤੇ ਬਾਰ੍ਹਵੀ ਅਨੁਪੂਰਕ ਪ੍ਰੀਖਿਆ ਜੁਲਾਈ / ਅਗਸਤ 2026 (ਕੇਵਲ ਓਪਨ ਸਕੂਲ ਕੈਟਾਗਿਰੀ) ਦੀ ਰੀਅਪੀਅਰ / ਕੰਪਾਰਟਮੈਂਟ ਅਤੇ ਕਾਰਗੁਜਾਰੀ ਸੁਧਾਰ


**ਪੰਜਾਬ ਸਕੂਲ ਸਿੱਖਿਆ ਬੋਰਡ**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ**

**(ਪੰਜਾਬ)**

ਦਸਵੀਂ ਅਤੇ ਬਾਰ੍ਹਵੀ ਸ਼੍ਰੇਣੀ ਅਨੁਪੂਰਕ ਪ੍ਰੀਖਿਆ ਜੁਲਾਈ/ਅਗਸਤ 2026 (ਕੇਵਲ ਓਪਨ ਸਕੂਲ ਲਈ) ਰੀਅਪੀਅਰ / ਕੰਪਾਰਟਮੈਂਟ ਅਤੇ ਕਾਰਗੁਜਾਰੀ ਸੁਧਾਰ(ਕੇਵਲ ਇੱਕ ਵਿਸ਼ੇ ਲਈ) ।

**ਉਮੀਦਵਾਰਾਂ ਲਈ ਪਰੀਖਿਆ ਫਾਰਮ ਭਰਨ ਸਬੰਧੀ ਜ਼ਰੂਰੀ ਸੂਚਨਾਵਾਂ/ਹਦਾਇਤਾਂ-**

1.1 ਪਰੀਖਿਆ ਫਾਰਮ ਭਰਨ ਤੋਂ ਪਹਿਲਾਂ ਪਰੀਖਿਆ ਸਬੰਧੀ ਨਿਯਮ/ਵਿਨਿਯਮ/ਪਾਠ-ਕ੍ਰਮ ਨੂੰ ਚੰਗੀ ਤਰ੍ਹਾਂ ਪੜ੍ਹ ਲਿਆ ਜਾਵੇ।

1.2 ਉਮੀਦਵਾਰ ਵੱਲੋਂ ਪਰੀਖਿਆ ਫਾਰਮ ਅਤੇ ਫੀਸ ਜਮ੍ਹਾਂ ਕਰਾਉਣ ਨਾਲ ਪਰੀਖਿਆ ਦੇਣ ਦਾ ਅਧਿਕਾਰ ਨਹੀਂ ਬਣ ਜਾਂਦਾ। ਪਰੀਖਿਆ ਕੇਵਲ ਉਹੀ ਉਮੀਦਵਾਰ ਦੇ ਸਕਦਾ ਹੈ ਜੋ ਨਿਯਮਾਂ ਅਨੁਸਾਰ ਯੋਗਤਾਵਾਂ ਪੂਰੀਆਂ ਕਰਦਾ ਹੋਵੇ।

1.3 ਅਕੈਡਮੀ ਰਾਹੀਂ ਜਾਂ ਅਕੈਡਮੀ ਦੇ ਪਤੇ ਵਾਲਾ ਕੋਈ ਵੀ ਪਰੀਖਿਆ ਫਾਰਮ ਨਹੀਂ ਲਿਆ ਜਾਵੇਗਾ। ਅਜਿਹਾਂ ਕਰਨ ਤੇ ਪਰੀਖਿਆ ਫਾਰਮ ਰੱਦ ਕਰ ਦਿੱਤਾ ਜਾਵੇਗਾ।

1.4 ਗਲਤ ਬਿਆਨੀ/ਗਲਤ ਪਤਾ/ਅਧੂਰੇ ਵੇਰਵੇ ਅਤੇ ਯੋਗ ਤਸਦੀਕ ਨਾ ਹੋਣ ਕਾਰਨ/ਫੀਸ ਘੱਟ ਪ੍ਰਾਪਤ ਹੋਣ ਕਾਰਨ ਜਾਂ ਫਾਰਮ ਵਿੱਚ ਕੋਈ ਹੋਰ ਤਰੁੱਟੀ ਹੋਣ ਕਾਰਨ ਉਮੀਦਵਾਰ ਦਾ ਉਮੀਦਵਾਰੀ ਹੱਕ ਰੱਦ ਕਰ ਦਿੱਤਾ ਜਾਵੇਗਾ।

1.5 ਪਰੀਖਿਆ ਸ਼ੁਰੂ ਹੋਣ ਤੋਂ ਇੱਕ ਹਫਤਾ ਪਹਿਲਾਂ ਰੋਲ ਨੰਬਰ ਨਾ ਮਿਲਣ ਦੀ ਸੂਰਤ ਵਿੱਚ ਉਮੀਦਵਾਰ ਵੱਲੋਂ ਸਬੂਤਾਂ (ਪਰੀਖਿਆ ਫਾਰਮ/ਬੈਂਕ ਚਲਾਨ ਦੀ ਕਾਪੀ/ਯੋਗਤਾ ਸਬੰਧੀ ਸਰਟੀਫਿਕੇਟ ਅਤੇ ਫੋਟੋ) ਸਮੇਤ ਰੋਲ ਨੰਬਰ ਪ੍ਰਾਪਤ ਕਰਨ ਲਈ ਦਫਤਰ ਨਾਲ ਸੰਪਰਕ ਕੀਤਾ ਜਾਵੇ।

1.6 ਰੋਲ ਨੰਬਰ ਕੇਵਲ ਬੋਰਡ ਦੀ ਵੈਬਸਾਈਟ ਤੇ ਹੀ ਉਪਲੱਬਧ ਹੋਣਗੇ ਅਤੇ ਡਾਕ ਰਾਹੀਂ ਕੋਈ ਰੋਲ ਨੰਬਰ ਨਹੀਂ ਭੇਜਿਆ ਜਾਵੇਗਾ। ਬੈਂਕ ਵੱਲੋਂ ਫੀਸ ਵੈਰੀਫਾਈ ਹੋਣ ਉਪਰੰਤ ਹੀ ਯੋਗ ਪ੍ਰੀਖਿਆਰਥੀ ਦਾ ਰੋਲ ਨੰਬਰ ਜਾਰੀ ਕੀਤਾ ਜਾਵੇਗਾ।

1.7 ਝਗੜੇ ਦੀ ਸੂਰਤ ਵਿੱਚ ਕਾਨੂੰਨੀ ਕਾਰਵਾਈ ਕੇਵਲ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਸਥਿਤ ਅਦਾਲਤ ਵਿੱਚ ਹੀ ਕੀਤੀ ਜਾਵੇਗੀ।

1.8 ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਓਪਨ ਸਕੂਲ ਕੈਟਾਗਿਰੀ ਦੇ ਰੀ-ਅਪੀਅਰ /ਕੰਪਾਰਟਮੈਂਟ ਅਤੇ ਕਾਰਗੁਜਾਰੀ ਸੁਧਾਰ ਦੇ ਉਮੀਦਵਾਰ ਹੀ ਪਰੀਖਿਆ ਦੇਣ ਦੇ ਯੋਗ ਹੋਣਗੇ।

1.9 ਕਾਰਗੁਜਾਰੀ ਸੁਧਾਰ ਵਾਲੇ ਪ੍ਰੀਖਿਆਰਥੀ ਜੇਕਰ ਪ੍ਰਯੋਗੀ ਵਿਸ਼ੇ ਵਾਲੀ ਪ੍ਰੀਖਿਆ ਦਿੰਦਾ ਹੈ ਤਾਂ ਉਸ ਲਈ ਲਿਖਤੀ ਪ੍ਰੀਖਿਆਵਾਂ ਵਿੱਚ ਅਪੀਅਰ ਹੋਣਾ ਲਾਜ਼ਮੀ ਹੈ ਅਤੇ ਉਮੀਦਵਾਰ ਪ੍ਰਯੋਗੀ ਪ੍ਰੀਖਿਆ ਲਈ ਪਿਛਲੀ ਪ੍ਰੀਖਿਆ ਦੇ ਪ੍ਰਾਪਤ ਪ੍ਰਯੋਗੀ ਅੰਕਾ ਦਾ ਲਾਭ ਲੈ ਸਕਦਾ ਹੈ ਜਾਂ ਇੱਛਾ ਅਨੁਸਾਰ ਪ੍ਰਯੋਗੀ ਪ੍ਰੀਖਿਆ ਵੀ ਦੇ ਸਕਦਾ ਹੈ ਇਸ ਲਈ ਆਨਲਾਈਨ ਪ੍ਰੀਖਿਆ ਫਾਰਮ ਭਰਦੇ ਸਮੇਂ ਪ੍ਰਯੋਗੀ ਪ੍ਰੀਖਿਆ ਦੇ ਕਾਲਮ ਤੇ (YES OR NO) ਟਿੱਕ ਕੀਤਾ ਜਾਵੇ ।

1.10 ਉਮੀਦਵਾਰ ਆਪਣੇ ਪਰੀਖਿਆ ਫਾਰਮ, ਯੋਗਤਾ ਸਬੰਧੀ ਸਰਟੀਫਿਕੇਟ ਅਤੇ ਫੀਸ ਦੀ ਰਸੀਦ ਇਕੱਠੇ ਜਮ੍ਹਾਂ ਕਰਵਾਉਣਗੇ ਲਾਜ਼ਮੀ ਹਨ ।

2. **ਪਾਸ ਫਾਰਮੂਲਾ :-**

ਪਰੀਖਿਆਰਥੀ ਨੂੰ ਪਾਸ ਹੋਣ ਲਈ ਸਾਰੇ ਵਿਸ਼ਿਆਂ ਵਿੱਚ ਪਾਸ ਹੋਣਾ ਜ਼ਰੂਰੀ ਹੈ ਅਤੇ ਪਰੀਖਿਆਰਥੀ ਨੂੰ ਹਰੇਕ ਵਿਸ਼ੇ ਵਿੱਚ ਲਿਖਤੀ, ਪ੍ਰਯੋਗੀ ਅਤੇ ਸੀ.ਸੀ.ਈ. ਵਿੱਚ ਘੱਟੋ-ਘੱਟ ਵੱਖਰੇ ਤੌਰ ਤੇ 33 ਪ੍ਰਤੀਸ਼ਤ ਅੰਕ ਅਤੇ ਕੁੱਲ ਮਿਲਾ ਕੇ 33 ਪ੍ਰਤੀਸ਼ਤ ਅੰਕ ਪ੍ਰਾਪਤ ਕਰਨੇ ਜ਼ਰੂਰੀ ਹਨ। ਇਸ ਉਪਰੰਤ ਪਰੀਖਿਆਰਥੀ ਨੂੰ ਵਿਸ਼ੇ ਵਿੱਚ ਪਾਸ ਘੋਸ਼ਿਤ ਕੀਤਾ ਜਾਵੇਗਾ।

3. **ਪਰੀਖਿਆ ਫਾਰਮ ਤਸਦੀਕ ਕਰਨ ਵਾਲੇ ਸਮਰੱਥ ਅਧਿਕਾਰੀਆਂ ਦੀ ਸੂਚਨਾ ਹੇਠ ਦਰਜ ਹੈ:-**

3.1 ਉਮੀਦਵਾਰ ਜਿਹੜੇ ਪੰਜਾਬ ਰਾਜ ਵਿੱਚ ਰਹਿੰਦੇ ਹਨ:- ਪੰਜਾਬ ਸਰਕਾਰ/ਬੋਰਡ ਦੇ ਕਿਸੇ ਵੀ ਪ੍ਰਵਾਨਿਤ ਹਾਈ/ਸੀਨੀਅਰ ਸੈਕੰਡਰੀ ਸਕੂਲ ਦੇ ਮੁਖੀ ਜਾਂ ਪੰਜਾਬ ਦੇ ਕਿਸੇ ਪ੍ਰਵਾਨਿਤ ਕਾਲਜ ਦੇ ਪ੍ਰਿੰਸੀਪਲ ਕੋਲੋਂ ਜਾਂ ਜ਼ਿਲ੍ਹਾ/ਮੰਡਲ ਜਾਂ ਰਾਜ ਦੇ ਸਿੱਖਿਆ ਵਿਭਾਗ ਦੇ ਕਿਸੇ ਉਚ-ਅਧਿਕਾਰੀ ਕੋਲੋਂ ਜਿਸ ਦਾ ਆਹੁਦਾ ਉਪ-

ਜ਼ਿਲ੍ਹਾ ਸਿੱਖਿਆ ਅਫ਼ਸਰ ਤੋਂ ਘੱਟ ਨਾ ਹੋਵੇ ਜਾਂ ਬੋਰਡ ਦੇ ਕਿਸੇ ਅਧਿਕਾਰੀ ਤੋਂ ਜਿਸ ਦਾ ਅਹੁੱਦਾ ਸਹਾਇਕ ਸਕੱਤਰ ਤੋਂ ਘੱਟ ਨਾ ਹੋਵੇ ਜਾਂ ਬੋਰਡ ਦੇ ਕਿਸੇ ਮੈਂਬਰ ਤੋਂ।

3.2 ਉਮੀਦਵਾਰ ਜਿਹੜੇ ਪੰਜਾਬ ਰਾਜ ਤੋਂ ਬਾਹਰ ਰਹਿੰਦੇ ਹਨ:- (ੳ) ਨੰ.3.1 ਵਿੱਚ ਦਰਸਾਏ ਕਿਸੇ ਇੱਕ ਅਧਿਕਾਰੀ ਕੋਲੋਂ ਜਾਂ (ਅ) ਸਬੰਧਤ ਰਾਜ ਦੇ ਸਿੱਖਿਆ ਵਿਭਾਗ ਦੇ ਕਿਸੇ ਅਜਿਹੇ ਅਧਿਕਾਰੀ ਕੋਲੋਂ ਜਿਸ ਦਾ ਆਹੁਦਾ ਜ਼ਿਲ੍ਹਾ ਸਿੱਖਿਆ ਅਫ਼ਸਰ ਤੋਂ ਘੱਟ ਨਾ ਹੋਵੇ। ਜਾਂ (ੲ) ਪਹਿਲੇ ਦਰਜੇ ਦਾ ਮੈਜਿਸਟ੍ਰੇਟ।

3.3 ਕੇਂਦਰੀ ਇਲਾਕਾ ਚੰਡੀਗੜ੍ਹ ਦੇ ਉਮੀਦਵਾਰ ਆਪਣਾ ਪਰੀਖਿਆ ਫਾਰਮ ਸਥਾਨਿਕ ਪ੍ਰਵਾਨਿਤ ਹਾਈ/ਸੀਨੀਅਰ ਸੈਕੰਡਰੀ ਸਕੂਲ ਦੇ ਮੁਖੀ ਕੋਲੋਂ ਤਸਦੀਕ ਕਰਵਾ ਸਕਦੇ ਹਨ। ਜਾਂ ਸਥਾਨਿਕ ਸਿੱਖਿਆ ਵਿਭਾਗ ਦੇ ਕਿਸੇ ਅਧਿਕਾਰੀ ਪਾਸੋਂ ਜਿਸਦਾ ਆਹੁਦਾ ਜ਼ਿਲ੍ਹਾ ਸਿੱਖਿਆ ਅਫ਼ਸਰ ਤੋਂ ਘੱਟ ਨਾ ਹੋਵੇ।

3.4 ਸੈਨਿਕ ਉਮੀਦਵਾਰ ਪਰੀਖਿਆ ਫਾਰਮ ਆਪਣੇ ਯੂਨਿਟ ਦੇ ਰਜਮੈਂਟ/ਕੰਪਨੀ ਅਫ਼ਸਰ ਤੋਂ ਤਸਦੀਕ ਕਰਵਾਉਣ। ਸੈਨਿਕ ਹੋਣ ਦਾ ਸਬੂਤ ਨਾਲ ਨੱਥੀ ਕੀਤਾ ਜਾਵੇ।

4. **ਪਰੀਖਿਆ ਦਾ ਸ਼ਡਿਊਲ :**

4.1 ਰੀਅਪੀਅਰ/ਕੰਪਾਰਟਮੈਂਟ ਅਤੇ ਕਾਰਗੁਜਾਰੀ ਸੁਧਾਰ ਦੀ ਪਰੀਖਿਆ ਸਾਲ ਵਿੱਚ ਦੋ ਵਾਰ ਹੋਵੇਗੀ ।

4.2 ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪਰੀਖਿਆਵਾਂ ਦੇ ਸਮੇਂ ਵਿੱਚ ਲੋੜ ਅਨੁਸਾਰ ਤਬਦੀਲੀ ਕੀਤੀ ਜਾਂ ਸਕਦੀ ਹੈ।

5. **ਆਨਲਾਈਨ ਵਿਧੀ ਰਾਹੀਂ ਪਰੀਖਿਆ ਫਾਰਮ ਅਤੇ ਫੀਸ ਭਰਨ ਅਤੇ ਪਰੀਖਿਆ ਫਾਰਮ ਜਮ੍ਹਾ ਕਰਵਾਉਣ ਦਾ ਸ਼ਡਿਊਲ :-**

| | | |
|---|---|---|
| **1.ਦਸਵੀਂ ਸ਼੍ਰੇਣੀ ,ਓਪਨ ਸਕੂਲ**<br>**ੳ) ਰੀਅਪੀਅਰ ਕੈਟਾਗਰੀ**<br>ਪ੍ਰੀਖਿਆ ਫੀਸ ਪ੍ਰਤੀ ਪ੍ਰੀਖਿਆਰਥੀ<br>1350+250=1600/- ਰੁਪਏ (ਸਮੇਤ ਸਰਟੀਫਿਕੇਟ ਦੀ ਹਾਰਡ ਕਾਪੀ )<br><br>**ਅ) ਕਾਰਗੁਜਾਰੀ ਸੁਧਾਰ ਕੈਟਾਗਰੀ (ਕੇਵਲ ਇੱਕ ਵਿਸ਼ਾ)**<br>ਪ੍ਰੀਖਿਆ ਫੀਸ ਪ੍ਰਤੀ ਪ੍ਰੀਖਿਆਰਥੀ<br>2150+250=2400/- ਰੁਪਏ (ਸਮੇਤ ਸਰਟੀਫਿਕੇਟ ਦੀ ਹਾਰਡ ਕਾਪੀ ) | ਬਿਨ੍ਹਾਂ ਲੇਟ ਫੀਸ<br>ਆਖਰੀ ਮਿਤੀ: | 1000/-ਰੁਪਏ<br>ਲੇਟ ਫੀਸ (ਪ੍ਰਤੀ ਪ੍ਰੀਖਿਆਰਥੀ) |

| | | |
|---|---|---|
| **2. ਬਾਰ੍ਹਵੀਂ ਸ਼੍ਰੇਣੀ, ਓਪਨ ਸਕੂਲ**<br>**ੳ) ਕੰਪਾਰਟਮੈਂਟ ਕੈਟਾਗਰੀ**<br>ਪ੍ਰੀਖਿਆ ਫੀਸ ਪ੍ਰਤੀ ਪ੍ਰੀਖਿਆਰਥੀ<br>1750+300=2050/-ਰੁਪਏ<br>(ਸਮੇਤ ਸਰਟੀਫਿਕੇਟ ਦੀ ਹਾਰਡ ਕਾਪੀ )<br><br>**ਅ) ਕਾਰਗੁਜਾਰੀ ਸੁਧਾਰ ਕੈਟਾਗਰੀ**<br>**(ਕੇਵਲ ਇੱਕ ਵਿਸ਼ਾ)**<br>ਪ੍ਰੀਖਿਆ ਫੀਸ ਪ੍ਰਤੀ ਪ੍ਰੀਖਿਆਰਥੀ<br>2450+300=2750/- ਰੁਪਏ (ਸਮੇਤ ਸਰਟੀਫਿਕੇਟ ਦੀ ਹਾਰਡ ਕਾਪੀ ) | | |
| ਪ੍ਰੀਖਿਆ ਫਾਰਮ ਭਰਨ ਅਤੇ ਆਨਲਾਈਨ ਫੀਸ ਜਮ੍ਹਾਂ ਕਰਵਾਉਣ ਲਈ ਆਖਰੀ ਮਿਤੀ: | 23-06-202<br>ਤੋਂ<br>03-07-2026 | 04-07-2026<br>ਤੋਂ<br>10-07-2026 |
| ਪ੍ਰੀਖਿਆ ਫਾਰਮ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ | 07.07-2026<br>(ਖੇਤਰੀ ਦਫਤਰ) | 14-07-2026<br>(ਖੇਤਰੀ ਦਫਤਰ) |

**ਪ੍ਰੀਖਿਆ ਫੀਸ ਕੇਵਲ ਆਨਲਾਈਨ ਸਿਸਟਮ ਡੇਬਿਟ, ਕਰੈਡਿਟ ਕਾਰਡ ਅਤੇ ਨੈਟ ਬੈਕਿੰਗ ਰਾਹੀਂ ਜਮ੍ਹਾ ਹੋਵੇਗੀ ਪ੍ਰੀਖਿਆ ਫੀਸ ਜਮ੍ਹਾਂ ਹੋਣ ਉਪਰੰਤ ਹੀ ਪ੍ਰੀਖਿਆ ਫਾਰਮ ਆਨਲਾਈਨ ਪ੍ਰਿੰਟ ਕੀਤੇ ਜਾ ਸਕਣਗੇ।**

6. **ਆਨਲਾਈਨ ਪ੍ਰੀਖਿਆ ਫਾਰਮ ਹੇਠ ਲਿਖੇ ਅਨੁਸਾਰ ਭਰਿਆ ਜਾਵੇ :-**

**6.1** ਬੋਰਡ ਦੀ ਵੈੱਬ ਸਾਈਟ www.pseb.ac.in ਨੂੰ ਖੋਲਿਆ ਜਾਵੇ ਅਤੇ ਇਸ ਉੱਪਰ ਦਿੱਤੇ ਹੋਏ Online Forms ਸੈਕਸ਼ਨ ਤੇ ਕਲਿੱਕ ਕੀਤਾ ਜਾਵੇ।

**6.2** Online Forms ਸੈਕਸ਼ਨ ਅਧੀਨ ਆਪਣੀ ਸ਼੍ਰੇਣੀ ਅਤੇ ਕੈਟਾਗਰੀ ਨਾਲ ਸਬੰਧਤ ਲਿੰਕ ਤੇ ਕਲਿੱਕ ਕੀਤਾ ਜਾਵੇ।

**6.3** ਕਲਿੱਕ ਕਰਨ ਉਪਰੰਤ ਫਾਰਮ ਭਰਨ ਲਈ ਆਨਲਾਈਨ ਐਪਲੀਕੇਸ਼ਨ ਖੁੱਲੇਗੀ। ਇਸ ਪੇਜ ਉੱਪਰ ਇੱਕ ਪਾਸੇ ਪ੍ਰਾਸਪੈਕਟ, ਪ੍ਰੈੱਸ ਨੋਟ ਅਤੇ ਜਰੂਰੀ ਹਦਾਇਤਾਂ ਦਿੱਤੀਆਂ ਗਈਆਂ ਹਨ, ਇਹਨਾਂ ਨੂੰ ਫਾਰਮ ਭਰਨ ਤੋਂ ਪਹਿਲਾਂ ਚੰਗੀ ਤਰ੍ਹਾਂ ਪੜ੍ਹ ਲਿਆ ਜਾਵੇ ਅਤੇ ਦੂਸਰੇ ਪਾਸੇ ਹੇਠ ਲਿਖੇ 3 ਲਿੰਕ ਦਿੱਤੇ ਗਏ ਹਨ :-

**6.3.1 New User ? Click Here To Register**

ਜਿਸ ਵੀ ਪ੍ਰੀਖਿਆਰਥੀ ਨੇ ਫਾਰਮ ਭਰਨਾ ਹੈ, ਉਸ ਲਈ ਇੱਕ ਵਾਰੀ ਇਸ ਲਿੰਕ ਤੇ ਕਲਿੱਕ ਕਰਕੇ ਰਜਿਸਟਰ ਕਰਨਾ ਜਰੂਰੀ ਹੈ। ਰਜਿਸਟਰ ਕਰਨ ਲਈ ਸ਼੍ਰੇਣੀ, ਫਾਰਮ ਦੀ ਕੈਟਾਗਰੀ ਭਾਵ ਕੰਪਾਰਟਮੈਂਟ, ਰੀ-ਅਪੀਅਰ ਅਤੇ ਕਾਰਗੁਜਾਰੀ ਸੁਧਾਰ ਆਦਿ, ਸੈਸ਼ਨ, ਰੋਲ ਨੰਬਰ, ਈ. ਮੇਲ ਭਰਕੇ ਸਬਮਿਟ ਕੀਤਾ ਜਾਵੇ।

ਜਾਣ। ਉਸ ਫਾਰਮ ਉੱਪਰ ਇੱਕ ਰੈਫਰੈਂਸ ਨੰ. ਜਾਰੀ ਕੀਤਾ ਜਾਵੇਗਾ, ਉਸਨੂੰ ਨੋਟ ਕਰਕੇ ਰੱਖਣਾ ਯਕੀਨੀ ਬਣਾਇਆ ਜਾਵੇ। ਇੱਕ ਵਾਰ ਰਜਿਸਟਰ ਕਰਨ ਤੋਂ ਬਾਅਦ ਦੁਬਾਰਾ ਰਜਿਸਟਰ ਕਰਨ ਦੀ ਲੋੜ ਨਹੀਂ ਹੈ।

**6.4 Login (Already Registered)**

ਜੋ ਪ੍ਰੀਖਿਆਰਥੀ ਰਜਿਸਟਰ ਕਰ ਚੁੱਕਾ ਹੈ ਅਤੇ ਉਸ ਕੋਲ ਰੈਫਰੈਂਸ ਨੰਬਰ ਹੈ ਤਾਂ ਇਸ ਲਿੰਕ ਦੇ ਸਾਹਮਣੇ ਦਿੱਤੇ ਕਾਲਮਾਂ ਵਿੱਚ ਰੈਫਰੈਂਸ ਨੰਬਰ ਅਤੇ ਰੋਲ ਨੰਬਰ ਪਾਕੇ ਲਾਗਇੰਨ ਬਟਨ ਤੇ ਕਲਿਕ ਕਰੇਗਾ। ਇਸ ਉਪਰੰਤ ਫਾਰਮ ਖੁੱਲ ਜਾਵੇਗਾ। ਫਾਰਮ ਵਿੱਚ ਦਿੱਤੇ ਕਾਲਮ ਭਰੇ ਜਾਣ। ਇਸ ਉਪਰੰਤ ਚਲਾਨ ਜਨਰੇਟ ਕੀਤਾ ਜਾਂ ਐਪਲੀਕੇਸ਼ਨ ਫਾਰਮ ਪ੍ਰਿੰਟ ਕੀਤਾ ਜਾ ਸਕਦਾ ਹੈ।

**6.5 Forgot Ref. No? Click Here**

ਇਹ ਲਿੰਕ ਉਹਨਾਂ ਪ੍ਰੀਖਿਆਰਥੀਆਂ ਲਈ ਹੈ, ਜਿੰਨਾਂ ਨੇ ਪਹਿਲੇ ਲਿੰਕ ਰਾਹੀਂ ਇੱਕ ਵਾਰੀ ਰਜਿਸਟਰ ਕਰ ਲਿਆ ਸੀ, ਪ੍ਰੰਤੂ ਉਹ ਆਪਣਾ ਰੈਫਰੈਂਸ ਨੰਬਰ ਭੁੱਲ ਗਏ ਹਨ। ਉਹ ਇਸ ਲਿੰਕ ਰਾਹੀਂ ਦਿੱਤੇ ਕਾਲਮਾਂ ਵਿੱਚ ਮੰਗੀ ਸੂਚਨਾਂ ਭਰ ਕੇ ਆਪਣਾ ਰੈਫਰੈਂਸ ਨੰਬਰ ਦੇਖ ਸਕਦੇ ਹਨ।

6.6 ਫਾਰਮ ਵਿੱਚ ਦਿੱਤੇ ਸਾਰੇ ਕਾਲਮ ਭਰਕੇ ਫਾਰਮ ਸੇਵ ਕਰ ਦਿੱਤਾ ਜਾਵੇ। ਫਾਰਮ ਨੂੰ ਦੁਬਾਰਾ ਚੰਗੀ ਤਰ੍ਹਾਂ ਵਾਚਣ ਉਪਰੰਤ ਫਾਈਨਲ ਸਬਮਿਟ ਬਟਨ ਤੇ ਕਲਿੱਕ ਕੀਤਾ ਜਾਵੇ, ਇਸ ਉਪਰੰਤ ਭਰੇ ਗਏ ਵੇਰਵੇ ਲਾਕ ਹੋ ਜਾਣਗੇ ਜਿਸ ਵਿੱਚ ਕੋਈ ਸੋਧ ਨਹੀਂ ਕੀਤੀ ਜਾ ਸਕੇਗੀ । ਇਸ ਉਪਰੰਤ ਫੀਸ ਦਿੱਤੀ ਗਈ ਆਪਸ਼ਨ ਅਨੁਸਾਰ ਆਨ ਲਾਈਨ ਭਰੀ ਜਾਵੇਗੀ।

6.7 ਪ੍ਰੀਖਿਆ ਫਾਰਮ ਪ੍ਰਿੰਟ ਕਰਵਾ ਕੇ ਸਕੂਲ ਤੋਂ ਤਸਦੀਕ ਕਰਵਾ ਕੇ ਸਮੇਤ ਚਲਾਨ ਦੀ ਕਾਪੀ ਲਗਾਉਣ ਉਪਰੰਤ ਸ਼ਡਿਊਲ ਮੁਤਾਬਕ ਜਿਲ੍ਹਾ ਖੇਤਰੀ ਦਫਤਰ ਵਿਖੇ ਜਮ੍ਹਾਂ ਕਰਵਾਇਆ ਜਾਵੇ।

6.8 ਪ੍ਰੀਖਿਆਰਥੀਆਂ ਵਲੋਂ ਰੋਲ ਨੰਬਰ ਬੋਰਡ ਦੀ ਵੈੱਬ ਸਾਈਟ ਤੋਂ ਸਿੱਧੇ ਤੌਰ ਤੇ ਰੋਲ ਨੰਬਰ ਸੈਕਸ਼ਨ ਅਧੀਨ ਦਿੱਤੇ ਲਿੰਕ ਤੇ ਜਾ ਕੇ ਡਾਊਨਲੋਡ ਕੀਤੇ ਜਾਣ ।

7. ਉਮੀਦਵਾਰ ਕੇਵਲ ਤਹਿਸੀਲ/ਜਿਲਾ ਹੈਡਕੁਆਟਰ ਤੇ ਬਣੇ ਪਰੀਖਿਆ ਕੇਂਦਰ ਤੇ ਹੀ ਪਰੀਖਿਆ ਦੇਵੇਗਾ।

ਕੰਟਰੋਲਰ (ਪ੍ਰੀਖਿਆਵਾਂ)